# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 01-12-2024**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੁਲਿਸ ਮੁਖੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਵਿਭਾਗਾਂ ਨੂੰ ਆਧੁਨਿਕ, ਵਿਸ਼ਵ ਪੱਧਰੀ ਬਲਾਂ ਵਿੱਚ ਬਦਲਣ । ਇਹ ਸੱਦਾ ਕੱਲ੍ਹ ਭੁਵਨੇਸ਼ਵਰ,ਵਿੱਚ ਆਯੋਜਿਤ ਸਾਲਾਨਾ ਤਿੰਨ-ਰੋਜ਼ਾ ਆਲ-ਇੰਡੀਆ ਡਾਇਰੈਕਟਰ ਜਨਰਲ ਅਤੇ ਇੰਸਪੈਕਟਰ ਜਨਰਲ ਆਫ ਪੁਲਿਸ ਕਾਨਫਰੰਸ ਦੌਰਾਨ ਕੀਤਾ ਗਿਆ। ਅੱਜ ਪ੍ਰਧਾਨ ਮੰਤਰੀ ਲਗਾਤਾਰ ਦੂਜੇ ਦਿਨ ਸੁਰੱਖਿਆ ਸੰਮੇਲਨ ਵਿੱਚ ਹਿੱਸਾ ਲੈ ਰਹੇ ਨੇ । ਕੱਲ ਉਨ੍ਹਾਂ ਦੇਸ਼ ਦੀ ਪੁਲਿਸ ਅਤੇ ਖੁਫੀਆ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਭਾਰਤ ਦੇ ਵਿਕਾਸ ਵਿੱਚ ਵਿਘਨ ਪਾਉਣ ਲਈ ਤਕਨਾਲਜੀ ਦੀ ਵਰਤੋਂ ਕਰਨ ਵਾਲੀਆਂ ਭਾਰਤ ਵਿਰੋਧੀ ਤਾਕਤਾਂ ਨਾਲ ਜੁੜੇ ਕਈ ਰਾਸ਼ਟਰੀ ਸੁਰੱਖਿਆ ਮੁੱਦਿਆਂ, ਸਰਹੱਦ ਪਾਰੋਂ ਦਹਿਸ਼ਤਗਰਦੀ ਅਤੇ ਤਸਕਰੀ ਵਰਗੀਆਂ ਰਵਾਇਤੀ ਚੁਣੌਤੀਆਂ,

ਅੰਦਰੂਨੀ ਇਲਾਕਿਆਂ ਵਿੱਚ ਕੱਟੜ ਬਣਾਉਣ ਦੀਆਂ ਗਤੀਵਿਧੀਆਂ, ਖੱਬੇ ਪੱਖੀ ਅੱਤਿਵਾਦ ਆਦਿ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਸ਼੍ਰੀ ਮੋਦੀ ਨੇ ਪੁਲਿਸਿੰਗ ਦੇ ਵੱਖ-ਵੱਖ ਪਹਿਲੂਆਂ 'ਤੇ ਆਪਣੇ ਸੁਝਾਅ ਦਿੱਤੇ ਨੇ, ਜੋ ਅਗਲੇ ਇੱਕ ਸਾਲ ਵਿੱਚ ਲਾਗੂ ਕਰਨ ਲਈ ਕਾਰਵਾਈਯੋਗ ਕਦਮਾਂ ਵਜੋਂ ਸਾਰੇ ਰਾਜਾਂ,ਕੇਂਦਰ ਸ਼ਾਸਿਤ ਪ੍ਰਦੇਸ਼ਾਂ ਅਤੇ ਕੇਂਦਰੀ ਏਜੰਸੀਆਂ ਨੂੰ ਭੇਜੇ ਜਾਣਗੇ। ਚੋਟੀ ਦੇ ਸੁਰਖਿਆ ਅਧਿਕਾਰੀਆਂ ਨੇ ਪ੍ਰਧਾਨ ਮੰਤਰੀ ਨੂੰ ਪਿਛਲੇ ਸਾਲ ਜੈਪੁਰ ਵਿੱਚ ਹੋਈ ਕਾਨਫਰੰਸ ਦੌਰਾਨ ਵਿਚਾਰੇ ਗਏ ਵੱਖ-ਵੱਖ ਸੁਰੱਖਿਆ ਮੁੱਦਿਆਂ 'ਤੇ ਪ੍ਰਗਤੀ ਤੋਂ ਜਾਣੂ ਕਰਵਾਇਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਭੁਵਨੇਸ਼ਵਰ ਵਿੱਚ ਡੀਜੀਪੀ/ਆਈਜੀਪੀ ਕਾਨਫਰੰਸ ਵਿੱਚ ਉਨ੍ਹਾਂ ਦਾ ਪਹਿਲਾ ਦਿਨ ਉਸਾਰੂ ਰਿਹਾ। ਇਸ ਸਾਲ ਦੀ ਕਾਨਫਰੰਸ ਵਿੱਚ ਭੁਵਨੇਸ਼ਵਰ ਵਿੱਚ ਲਗਭਗ 200 ਅਧਿਕਾਰੀ ਸ਼ਾਮਲ ਹੋ ਰਹੇ ਨੇ ਜਿਹਨਾਂ'ਚ ਜ਼ਿਆਦਾਤਰ ਡੀਜੀਪੀ, ਪੁਲਿਸ ਕਮਿਸ਼ਨਰ, IG ਅਤੇ ਹੋਰ ਕੇਂਦਰੀ ਬਲਾਂ ਦੇ ਸੀਨੀਅਰ ਰੈਂਕ ਦੇ ਅਧਿਕਾਰੀ ਨੇ, ਜਦੋਂ ਕਿ ਬਰਾਬਰ ਦੀ ਗਿਣਤੀ ਵਿੱਚ ਅਧਿਕਾਰੀ ਆਨਲਾਈਨ ਵੀ ਹਿੱਸਾ ਲੈ ਰਹੇ ਨੇ।

--------------------------------------------------

ਸੀਮਾ ਸੁਰੱਖਿਆ ਬੱਲ ਅੱਜ ਆਪਣਾ 60ਵਾਂ ਸਥਾਪਨਾ ਦਿਵਸ ਮਨਾ ਰਿਹਾ ਏ, ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਨੇ BSF ਨੂੰ ਸ਼ੁਭਕਾਮਨਾਵਾਂ ਦਿਤੀਆਂ ਨੇ

--------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆਂ ਵੱਲੋਂ ਅਧਿਆਪਕਾਂ ਨੂੰ ਸਿੱਖਿਆ ਨੂੰ ਕਦਰਾਂ-ਕੀਮਤਾਂ ਨਾਲ ਜੋੜ ਕੇ ਬੱਚਿਆਂ ਦੇ ਬਹਿਤਰ ਭਵਿੱਖ ਨੂੰ ਸਿਰਜਣ ਅਤੇ ਰਾਸ਼ਟਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।  ਉਹ ਜਲੰਧਰ ਸਵਾਮੀ ਮੋਹਨ ਦਾਸ ਮਾਡਲ ਸਕੂਲ ਦੇ 22ਵੇਂ ਸਾਲਾਨਾ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸੀ ਈ ਉਨ੍ਹਾਂ ਵਲੋਂ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਦੇਕੇ ਸਨਮਾਨਿਤ ਵੀ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਕਟਾਰੀਆ ਨੇ ਸਿੱਖਿਆ ਅਤੇ ਨੈਤਿਕ ਕਦਰਾਂ-ਕੀਮਤਾਂ ਦੇ ਸੁਮੇਲ ਰਾਹੀਂ ਬੱਚਿਆਂ ਦੇ ਭਵਿੱਖ ਨੂੰ ਸੰਵਾਰਨ ਵਿੱਚ ਅਧਿਆਪਕਾਂ ਦੀ ਅਹਿਮ ਭੂਮਿਕਾ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗਾਂ ਵਲੋਂ ਖੁਸ਼ਹਾਲ ਭਾਰਤ ਦੇ ਦੇਖੇ ਗਏ ਸੁਪਨੇ ਨੂੰ

ਸਿੱਖਿਆ ਨੂੰ ਕਦਰਾਂ-ਕੀਮਤਾਂ ਨਾਲ ਜੋੜ ਕੇ ਹੀ ਪੂਰਾ ਕੀਤਾ ਜਾ ਸਕਦਾ ਏ  ਅਤੇ ਇਸ ਟੀਚੇ ਨੂੰ ਹਾਸਲ ਕਰਨ ਵਿੱਚ ਅਧਿਆਪਕਾਂ ਦੀ ਅਹਿਮ ਭੂਮਿਕਾ ਹੈ। ਵਾਤਾਵਰਣ ਦੀ ਸੰਭਾਲ ਦੀ ਮਹੱਤਤਾ ‘ਤੇ ਚਾਨਣਾ ਪਾਉਂਦਿਆਂ ਰਾਜਪਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਵਲੋਂ ‘‘ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ’ ਦੀ ਦਿੱਤੀ ਸਿੱਖਿਆ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਨਾਉਣ ਨਾਲ ਕੁਦਰਤੀ ਸਰੋਤਾਂ ਦੀ ਸੰਭਾਲ ਕੀਤੀ ਜਾ ਸਕਦੀ ਹੈ। ਉਨ੍ਹਾਂ ਅਧਿਆਪਕਾਂ ਨੂੰ ਸੱਦਾ ਦਿੱਤਾ ਕਿ ਵਿਦਿਆਰਥੀਆਂ ਨੂੰ ਇਨ੍ਹਾਂ ਸਿੱਖਿਆਵਾਂ ਦਾ ਧਾਰਨੀ ਬਣਾਉਣ ਤਾਂ ਜੋ ਉਹ ਵਾਤਾਵਰਣ ਦੀ ਸੰਭਾਲ ਲਈ ਜ਼ਿੰਮੇਵਾਰ ਨਾਗਰਿਕ ਬਣ ਸਕਣ।

---------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਸਾਉਣੀ ਸੀਜ਼ਨ ਦੌਰਾਨ ਸੂਬੇ ਵਿੱਚ ਪਰਾਲੀ ਨੂੰ ਅੱਗ ਲਾਉਣ ਦੇ ਮਾਮਲਿਆਂ ਵਿੱਚ 70 ਫੀਸਦ ਦੀ ਵੱਡੀ ਕਮੀ ਦਰਜ ਕੀਤੀ ਗਈ ਹੈ। 30 ਨਵੰਬਰ, ਜੋ ਸਾਉਣੀ ਸੀਜ਼ਨ 2024

ਦਾ ਆਖਰੀ ਦਿਨ ਸੀ, ਤੱਕ ਪੰਜਾਬ ਵਿੱਚ ਪਰਾਲੀ ਸਾੜਨ ਦੀਆਂ 10,909 ਘਟਨਾਵਾਂ ਸਾਹਮਣੇ ਆਈਆਂ ਹਨ, ਜੋ ਕਿ 2023-24 ਸੀਜ਼ਨ ਦੌਰਾਨ ਪਰਾਲੀ ਨੂੰ ਅੱਗ ਲਾਉਣ ਦੇ ਰਿਪੋਰਟ ਹੋਏ 36,663 ਮਾਮਲਿਆਂ ਤੋਂ ਬਹੁਤ ਘੱਟ ਨੇ। ਮੰਤਰੀ ਨੇ ਕਿਹਾ ਕਿ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਰੀ ਦੀ ਵਰਤੋਂ ਵਧਣ ਕਾਰਨ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਇਹ ਗਿਰਾਵਟ ਦਰਜ ਕੀਤੀ ਗਈ ਹੈ। ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਕਿਸਾਨਾਂ ਨੂੰ ਸਬਸਿਡੀ ਵਾਲੀਆਂ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਲਈ 22,582 ਮਨਜ਼ੂਰੀ ਪੱਤਰ ਜਾਰੀ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ 16,125 ਮਸ਼ੀਨਾਂ ਸੂਬੇ ਦੇ ਕਿਸਾਨਾਂ ਵੱਲੋਂ ਖਰੀਦੀਆਂ ਜਾ ਚੁੱਕੀਆਂ ਹਨ। ਇਸ ਤੋਂ ਇਲਾਵਾ, ਛੋਟੇ ਅਤੇ ਸੀਮਾਂਤ ਕਿਸਾਨਾਂ ਦੀ ਸੀ.ਆਰ.ਐਮ. ਮਸ਼ੀਨਾਂ ਤੱਕ ਪਹੁੰਚ ਯਕੀਨੀ ਬਣਾਉਣ ਲਈ 722 ਕਸਟਮਰ ਹਾਇਰਿੰਗ ਸੈਂਟਰ (ਸੀ.ਐਚ.ਸੀਜ਼.) ਸਥਾਪਤ ਕੀਤੇ ਗਏ ਸਨ। ਇਸ ਸਾਲ ਪਰਾਲੀ ਸਾੜਨ ਤੋਂ ਗੁਰੇਜ਼ ਕਰਨ ਵਾਲੇ ਕਿਸਾਨਾਂ ਦੀ ਸ਼ਲਾਘਾ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਵਾਤਾਵਰਨ ਨੂੰ ਬਚਾਉਣਾ

ਸਾਡੀ ਸਮੂਹਿਕ ਜ਼ਿੰਮੇਵਾਰੀ ਹੈ ਕਿਉਂਕਿ ਪਰਾਲੀ ਸਾੜਨ ਨਾਲ ਨਾ ਸਿਰਫ਼ ਹਵਾ ਪ੍ਰਦੂਸ਼ਣ ਹੁੰਦਾ ਹੈ ਸਗੋਂ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ।

---------------------------------------------------------

ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ (ਪੀ.ਐੱਸ.ਪੀ.ਸੀ.ਐੱਲ.) ਨੇ ਪਛਵਾੜਾ ਕੋਲਾ ਖਾਨ ਤੋਂ ਸਸਤਾ ਕੋਲਾ ਪ੍ਰਾਪਤ ਕਰਕੇ ਲਗਭਗ 1,000 ਕਰੋੜ ਰੁਪਏ ਦੀ ਵੱਡੀ ਬੱਚਤ ਕੀਤੀ ਹੈ। ਜਾਰੀ ਪ੍ਰੈਸ ਬਿਆਨ ਵਿੱਚ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਸਾਲ 2015 ਤੋਂ ਬੰਦ ਪਈ ਪਛਵਾੜਾ ਕੋਲ ਖਾਣ ਨੂੰ ਪੰਜਾਬ ਸਰਕਾਰ ਦੀ ਅਗਵਾਈ ਹੇਠ ਦਸੰਬਰ 2022 ਵਿੱਚ ਸ਼ੁਰੂ ਕਰਨ ਦਾ ਕੀਤਾ ਗਿਆ ਉਪਰਾਲਾ ਕੋਲ ਇੰਡੀਆ ਲਿਮਟਿਡ ਦੇ ਮੁਕਾਬਲੇ ਸਸਤਾ ਕੋਲਾ ਪ੍ਰਾਪਤ ਕਰਨ ਦਾ ਬਦਲ ਸਾਬਿਤ ਹੋਇਆ ਹੈ। ਪਚਵਾੜਾ ਕੋਲਾ ਖਾਣ ਤੋਂ ਕੋਲਾ ਪ੍ਰਾਪਤ ਕਰਨ ਦੇ ਵਿੱਤੀ ਲਾਭਾਂ ਦਾ ਵੇਰਵਾ ਦਿੰਦਿਆਂ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਦੱਸਿਆ

ਕਿ ਕੋਲ ਇੰਡੀਆ ਲਿਮਟਿਡ ਤੋਂ ਕੋਲਾ ਪ੍ਰਾਪਤ ਕਰਨ ਦੇ ਮੁਕਾਬਲੇ ਪਛਵਾੜਾ ਕੋਲ ਖਾਣ ਤੋਂ ਕੋਲਾ 11 ਕਰੋੜ ਰੁਪਏ ਪ੍ਰਤੀ 1 ਲੱਖ ਮੀਟ੍ਰਿਕ ਟਨ ਸਸਤਾ ਪਿਆ ਹੈ। ਉਨ੍ਹਾਂ ਕਿਹਾ ਕਿ ਪੀ.ਐਸ.ਪੀ.ਸੀ.ਐਲ ਵੱਲੋਂ ਪਛਵਾੜਾ ਤੋਂ ਹੁਣ ਤੱਕ 2400 ਰੈਕਾਂ ਰਾਹੀਂ 92 ਲੱਖ ਮੀਟ੍ਰਿਕ ਟਨ ਕੋਲਾ ਪ੍ਰਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਸਦਕਾ ਹੁਣ ਪੰਜਾਬ ਦੇ ਥਰਮਲ ਪਲਾਂਟਾਂ ਵਿੱਚ ਕੋਲੇ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਸੂਬਾ ਸਰਕਾਰ ਰਾਜ ਭਰ ਦੇ ਘਰੇਲੂ ਖਪਤਕਾਰਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਮੁਹੱਈਆ ਕਰਾਉਣ ਦੇ ਯੋਗ ਹੋਈ ਹੈ।